28 Oct-Jag-5-6-7-8.qxd 28-Oct-25 11:00 PM Page 2

ਮੈਕਰੋ ਗਲੋਬਲ ਦੀ ਜਗਰਾਉਂ ਬ੍ਰਾਂਚ ਦੀ ਸਟਾਫ਼ ਮੈਂਬਰ ਤੋਂ ਬੈਂਡ ਪ੍ਰਾਪਤ ਕਰਨ ਵਾਲਾ ਵਿਦਿਆਰਥੀ ਇਸ਼ਪ੍ਰੀਤ ਸਿੰਘ ਟੀ.ਆਰ.ਐੱਫ. ਦੀ ਕਾਪੀ ਪ੍ਰਾਪਤ ਕਰਨ ਸਮੇਂ। ਅਜੀਤ ਤਸਵੀਰ

ਮੈਕਰੋ ਗਲੋਬਲ ਦੀ ਜਗਰਾਉਂ ਬ੍ਰਾਂਚ ਦੇ ਵਿਦਿਆਰਥੀ ਨੇ ਪ੍ਰਾਪਤ ਕੀਤੇ 7 ਬੈਂਡ

ਜਗਰਾਉਂ, 28 ਅਕਤੂਬਰ (ਸ਼ਸ਼ਸ਼ੇਰ ਸਿੰਘ ਗਾਲਿਬ)-ਮੈਕਰੋ ਗਲੋਬਲ ਮੋਗਾ ਦੀ ਜਗਰਾਉਂ ਬ੍ਰਾਂਚ ਆਪਣੀਆਂ ਆਈਲੈਟਸ ਅਤੇ ਸਟੂਡੈਂਟ ਵੀਜ਼ੇ ਦੀਆਂ ਸੇਵਾਵਾਂ ਨਾਲ ਪੰਜਾਬ ਦੀ ਮੰਨੀ-ਪ੍ਰਮੰਨੀ ਸੰਸਥਾ ਬਣ ਚੁੱਕੀ ਹੈ। ਇਸ ਸੰਸਥਾ ਵਿਚ ਸਟੂਡੈਂਟ ਵੀਜ਼ੇ ਦੇ ਨਾਲ-ਨਾਲ ਵਿਜ਼ਟਰ ਵੀਜ਼ੇ ਅਤੇ ਓਪਨ ਵਰਕ ਪਰਮਿਟ ਦੀਆਂ ਸੇਵਾਵਾਂ ਵੀ ਦਿੱਤੀਆਂ ਜਾਂਦੀਆਂ ਹਨ। ਮੈਕਰੋ ਗਲੋਬਲ ਦੀ ਜਗਰਾਉਂ ਬ੍ਰਾਂਚ ਦੇ ਵਿਦਿਆਰਥੀਆਂ ਵਿਚੋਂ ਇਸ਼ਪ੍ਰੀਤ ਸਿੰਘ ਪੁੱਤਰ ਭੁਪਿੰਦਰ ਸਿੰਘ ਵਾਸੀ ਮਲਸੀਂਹਾਂ ਭਾਈਕੇ ਨੇ ਲਿਸਨਿੰਗ 'ਚੋਂ 8 ਬੈਂਡ, ਰੀਡਿੰਗ 'ਚੋਂ 8, ਰਾਈਟਿੰਗ 'ਚੋਂ 6, ਸਪੀਕਿੰਗ 'ਚੋਂ 6.5 ਬੈਂਡ ਹਾਸਲ ਕੀਤੇ ਹਨ। ਸੰਸਥਾ ਵਿਚ ਕਮਜ਼ੋਰ ਵਿਦਿਆਰਥੀਆਂ ਲਈ ਸਪੈਸ਼ਲ ਸੈਮੀਨਾਰ ਰੱਖਿਆ ਜਾਂਦਾ ਹੈ ਅਤੇ ਕੁਆਲਿਟੀ ਨੂੰ ਬਰਕਰਾਰ ਰੱਖਦੇ ਹੋਏ ਵਿਦਿਆਰਥੀਆਂ ਨੂੰ ਫਰੈਸ਼ ਹੈਂਡਆਉਟਸ ਦਿੱਤੇ ਜਾਂਦੇ ਹਨ, ਜੋ ਕਿ ਵਿਦਿਆਰਥੀਆਂ ਨੂੰ ਚੰਗੇ ਸਕੋਰ ਪ੍ਰਾਪਤ ਕਰਨ ਲਈ ਮਦਦਗਾਰ ਸਾਬਿਤ ਹੁੰਦੇ ਹਨ। ਇਸ ਮੌਕੇ ਗੁਰਮਿਲਾਪ ਸਿੰਘ ਡੱਲਾ ਨੇ ਸਟਾਫ਼ ਦੀ ਹੌਸਲਾ ਅਫ਼ਜਾਈ ਕੀਤੀ।

ਜਥੇਦਾਰ ਜਗਜੀਤ ਸਿੰਘ ਤਲਵੰਡੀ, ਚੇਅਰਮੈਨ ਇੰਦਰਜੀਤ ਸਿੰਘ ਗੋਂਦਵਾਲ ਅਤੇ ਤਰਨਜੀਤ ਸਿੰਘ ਬਿੱਟੂ ਤਲਵੰਡੀ

ਅਕਾਲੀ ਵਰਕਰਾਂ ਵਲੋਂ ਹੜ੍ਹ ਪੀੜਤਾਂ ਦੀ ਮਦਦ ਲਈ ਇਕ ਲੱਖ ਦੀ ਮਾਲੀ ਸਹਾਇਤਾ ਭੇਟ

ਰਾਏਕੋਟ, 28 ਅਕਤੂਬਰ (ਬਲਵਿੰਦਰ ਸਿੰਘ ਲਿੱਤਰ)-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵਲੋਂ ਹੜ੍ਹ ਪੀੜਤ ਲੋਕਾਂ ਦੀ ਮਦਦ ਲਈ ਆਰੰਭੀ ਗਈ ਮੁਹਿੰਮ ਤਹਿਤ ਵਿਧਾਨ ਸਭਾ ਹਲਕਾ ਰਾਏਕੋਟ ਦੇ ਸਰਕਲ ਤਲਵੰਡੀ ਰਾਏ ਤੋਂ ਅਕਾਲੀ ਵਰਕਰਾਂ ਵਲੋਂ 1 ਲੱਖ ਰੁਪਏ ਦੀ ਮਾਲੀ ਮਦਦ ਹਲਕਾ ਇੰਚਾਰਜ ਬਲਵਿੰਦਰ ਸਿੰਘ ਸੰਧੂ ਤੇ ਜਥੇਦਾਰ ਜਗਜੀਤ ਸਿੰਘ ਤਲਵੰਡੀ ਮੈਂਬਰ ਸ਼੍ਰੋਮਣੀ ਕਮੇਟੀ ਨੂੰ ਸੌਂਪੀ ਗਈ। ਇਸ ਮੌਕੇ ਜਥੇਦਾਰ ਜਗਜੀਤ ਸਿੰਘ ਤਲਵੰਡੀ ਮੈਂਬਰ ਸ਼੍ਰੋਮਣੀ ਕਮੇਟੀ ਅਤੇ ਹਲਕਾ ਇੰਚਾਰਜ ਬਲਵਿੰਦਰ ਸਿੰਘ ਸੰਧੂ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵਲੋਂ ਪਿਛਲੇ ਸਮੇਂ ਤੋਂ ਲਗਾਤਾਰ ਹੜ੍ਹ ਪੀੜਤਾਂ ਦੀ ਹਰ ਪੱਖੋਂ ਮਦਦ ਕਰਨਾ ਨਿਰੰਤਰ ਜਾਰੀ ਹੈ। ਸੁਖਬੀਰ ਸਿੰਘ ਬਾਦਲ ਵਲੋਂ ਦਿਸ਼ਾ-ਨਿਰਦੇਸ਼ਾਂ ਜਾਰੀ ਹੋਏ ਹਨ ਕਿ ਅਕਾਲੀ ਆਗੂ ਤੇ ਵਰਕਰ ਹੜ੍ਹ ਪੀੜਤਾਂ ਦੀ ਮਦਦ ਲਈ ਅੱਗੇ ਆਉਣ ਤਾਂ ਜੋ ਕੁਦਰਤੀ ਕਹਿਰ ਦੀ ਮਾਰ ਝੱਲ ਰਹੇ ਪੀੜਤਾਂ ਦੀ ਬਾਂਹ ਫੜ੍ਹੀ ਜਾ ਸਕੇ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਅਕਾਲੀ ਦਲ ਦੇ ਸਰਕਲ ਤਲਵੰਡੀ ਰਾਏ ਤੋਂ ਪ੍ਰਧਾਨ ਤਰਨਜੀਤ ਸਿੰਘ ਬਿੱਟੂ ਤਲਵੰਡੀ ਅਤੇ ਚੇਅਰਮੈਨ ਇੰਦਰਜੀਤ ਸਿੰਘ ਗੋਂਦਵਾਲ ਦੇ ਯਤਨਾਂ ਸਦਕਾ ਸਰਕਲ ਤਲਵੰਡੀ ਰਾਏ ਤੋਂ ਸਮੂਹ ਅਕਾਲੀ ਵਰਕਰਾਂ ਦੇ ਸਹਿਯੋਗ ਨਾਲ 1 ਲੱਖ ਰੁਪਏ ਦੀ ਸਹਾਇਤਾ ਰਾਸ਼ੀ ਇਕੱਠੀ ਕੀਤੀ ਗਈ ਹੈ, ਜੋ ਹਲਕਾ ਇੰਚਾਰਜ ਬਲਵਿੰਦਰ ਸਿੰਘ ਸੰਧੂ ਨੂੰ ਸੌਂਪੀ ਗਈ ਹੈ।

'ਖੇਡਾਂ ਬਲਾਕ ਰਾਏਕੋਟ ਅੰਡਰ-11' ਦੀ ਵਿਧਾਇਕ ਠੇਕੇਦਾਰ ਹਾਕਮ ਸਿੰਘ ਨੇ ਸ਼ੁਰੂਆਤ ਕਰਵਾਈ

• ਬੱਚਿਆਂ ਨੂੰ ਖੇਡਾਂ ਪ੍ਰਤੀ ਪ੍ਰੇਰਿਤ ਕਰਨ ਲਈ ਸਰਕਾਰ ਕਰ ਰਹੀ ਉਪਰਾਲੇ-ਵਿਧਾਇਕ ਠੇਕੇਦਾਰ ਹਾਕਮ ਸਿੰਘ

ਰਾਏਕੋਟ, 28 ਅਕਤੂਬਰ (ਬਲਵਿੰਦਰ ਸਿੰਘ ਲਿੱਤਰ)- ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਪਿੰਡ ਰਾਜਗੜ੍ਹ ਵਿਖੇ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਇਤਬਾਰ ਸਿੰਘ ਦੀ ਦੇਖ-ਰੇਖ ਹੇਠ ਰਾਏਕੋਟ ਬਾਲਕ ਪੱਧਰੀ ਅੰਡਰ-11 ਦੀਆਂ 2 ਰੋਜ਼ਾ ਖੇਡਾਂ ਸ਼ਾਨੋ-ਸ਼ੌਕਤ ਨਾਲ ਕਰਵਾਈਆਂ ਜਾ ਰਹੀਆਂ ਹਨ। ਇਨ੍ਹਾਂ ਖੇਡਾਂ ਦਾ ਉਦਘਾਟਨ ਹਲਕਾ ਰਾਏਕੋਟ ਦੇ ਵਿਧਾਇਕ ਠੇਕੇਦਾਰ ਹਾਕਮ ਸਿੰਘ ਵਲੋਂ ਕੀਤਾ ਗਿਆ। ਇਸ ਮੌਕੇ ਵਿਧਾਇਕ ਠੇਕੇਦਾਰ ਹਾਕਮ ਸਿੰਘ ਨੇ ਸੰਬੋਧਨ ਕਰਦਿਆਂ ਆਖਿਆ ਕਿ ਸੂਬੇ ਦੇ ਮੁੱਖ ਮੰਤਰੀ ਭਗਵੰਤ ਮਾਨ ਵਲੋਂ ਪ੍ਰਾਇਮਰੀ ਸਕੂਲਾਂ ਨੂੰ ਸਿੱਖਿਆ ਦੇ ਨਾਲ-ਨਾਲ ਖੇਡਾਂ ਦੇ ਖੇਤਰ ਵਿਚ ਵੀ ਮੋਹਰੀ ਬਣਾਉਣ ਲਈ ਯੋਗ ਉਪਰਾਲੇ ਕੀਤੇ ਜਾ ਰਹੇ ਹਨ। ਇਸ ਮੌਕੇ ਪ੍ਰਾਇਮਰੀ ਸਕੂਲ ਰਾਜਗੜ੍ਹ ਦੇ ਇੰਚਾਰਜ ਰਜਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੱਜ ਬਲਾਕ ਪੱਧਰੀ 2 ਰੋਜ਼ਾ ਅੰਡਰ-11 ਖੇਡਾਂ ਦੀ ਸ਼ੁਰੂਆਤ ਕੀਤੀ ਗਈ ਹੈ, ਜਿਸ ਦੌਰਾਨ ਬਲਾਕ ਰਾਏਕੋਟ ਦੇ ਵੱਖ-ਵੱਖ ਸਕੂਲਾਂ ਦੇ ਬੱਚਿਆਂ ਨੇ ਵੱਡੀ ਗਿਣਤੀ 'ਚ ਭਾਗ ਲਿਆ। ਉਨ੍ਹਾਂ ਦੱਸਿਆ ਕਿ ਇਨ੍ਹਾਂ ਖੇਡਾਂ 'ਚ ਜਰਨੈਲ ਸਿੰਘ ਯੂ.ਐੱਸ.ਏ ਦੇ ਪਰਿਵਾਰ ਵਲੋਂ ਵੱਡਾ ਯੋਗਦਾਨ ਪਾਇਆ ਗਿਆ ਹੈ। ਇਸ ਮੌਕੇ ਵਿਧਾਇਕ ਠੇਕੇਦਾਰ ਦੇ ਪੀ.ਏ. ਕਮਲ ਸਿੰਘ ਸੁਖਾਣਾ, ਬਲਾਕ ਖੇਡ ਕੋਆਰਡੀਨੇਟਰ ਸੀ.ਐੱਚ.ਟੀ ਜੰਗਪਾਲ ਸਿੰਘ ਦੱਧਾਹੂਰ, ਸੀ.ਐੱਚ.ਟੀ ਰਾਜਮਿੰਦਰਪਾਲ ਸਿੰਘ ਪਰਮਾਰ, ਹਰਜਿੰਦਰ ਸਿੰਘ, ਸੀ.ਐੱਚ.ਟੀ ਬਲਜੀਤ ਸਿੰਘ ਲੋਹਟਬੱਦੀ, ਬਲਵਿੰਦਰ ਸਿੰਘ ਤਲਵੰਡੀ, ਗੁਰਬਿੰਦਰ ਕੌਰ ਬੱਸੀਆਂ, ਬਲਵਿੰਦਰ ਸਿੰਘ ਨਛੱਤਰ ਸਿੰਘ, ਗੁਰਦੀਪ ਸਿੰਘ, ਡਾ. ਜੁਗਰਾਜ ਸਿੰਘ, ਹਰਦੀਪ ਸਿੰਘ, ਮਨਜਿੰਦਰ ਸਿੰਘ, ਹਰਜਿੰਜਰ ਸਿੰਘ, ਕਰਨੈਲ ਸਿੰਘ, ਕੌਰ ਜਲਾਲਦੀਵਾਲ, ਜਸਵੀਰ ਸਿੰਘ ਰੂਪਾਪੱਤੀ, ਚਾਹਤ ਗੋਠਵਾਲ, ਕੁਲਵਿੰਦਰ ਕੌਰ, ਮੈਡਮ ਯਾਚਨਾ, ਰਾਜਨ ਸਿੰਘ ਬਲਵੀਰ ਸਿੰਘ, ਸੈਂਟਰ ਇੰਚਾਰਜ ਅਜੈ ਡਾਬਰ, ਅਧਿਆਪਕ ਸੁਭਾਸ਼ ਗੋਇਲ, ਰਣਜੀਤ ਸਿੰਘ ਕਮਾਲਪੁਰਾ, ਗੁਰਦੀਪ ਸਿੰਘ, ਹਾਕਮ ਸਿੰਘ, ਅਵਤਾਰ ਸਿੰਘ, ਹਰਿੰਦਰ ਸਿੰਘ, ਬਿਕਰਮਜੀਤ ਸਿੰਘ, ਜਗਜੀਤ ਸਿੰਘ, ਭਾਰਤ ਭੂਸ਼ਣ, ਗੁਰਦੀਪ ਸਿੰਘ, ਸ਼ਿੰਗਾਰਾ ਸਿੰਘ, ਅਸ਼ੀਸ਼ ਉੱਪਲ, ਸੰਜੀਵ ਕੁਮਾਰ, ਸੁਖਰਾਜ ਸਿੰਘ ਸਿਵੀਆਂ, ਰਾਕੇਸ਼ ਮਿੱਤਲ, ਗੁਰਸੇਵਕ ਸਿੰਘ, ਕੁਲਦੀਪ ਕੌਰ ਗੋਬਿੰਦਗੜ੍ਹ, ਕਮਲਪ੍ਰੀਤ ਕੌਰ ਗੋਂਦਵਾਲ, ਮਨਪ੍ਰੀਤ ਕੌਰ ਰਾਜਗੜ੍ਹ, ਕਮਲਜੀਤ ਕੌਰ ਸਹਿਬਾਜ਼ਪੁਰਾ, ਅਮਰਜੀਤ ਕਲਸੀਆਂ, ਦੁਪਿੰਦਰਪਾਲ ਕੌਰ ਗੋਂਦਵਾਲ, ਹਰਿੰਦਰ ਸਿੰਘ ਬੱਸੀਆਂ, ਗੁਰਮੀਤ ਸਿੰਘ ਦੱਧਾਹੂਰ, ਗੁਰਪ੍ਰੀਤ ਸਿੰਘ ਸਹਿਬਾਜਪੁਰਾ, ਗੁਰਸੇਵਕ ਸਿੰਘ ਤਲਵੰਡੀ ਰਾਏ, ਸੁਖਬੀਰ ਕੌਰ ਸਖਾਣਾ, ਜਸਵੀਰ ਸਿੰਘ ਚੱਕ ਭਾਈਕਾ, ਹਾਕਮ ਸਿੰਘ ਲੋਹਟਬੱਦੀ, ਕੁਲਵਿੰਦਰ ਕੌਰ ਬੁਰਜ ਹਰੀ ਸਿੰਘ, ਸੁਦਾਗਰ ਸਿੰਘ, ਦੇਵ ਕ੍ਰਿਸ਼ਨ ਹਠੂਰ, ਜਸਪ੍ਰੀਤ ਸਿੰਘ ਸ਼ਾਹਜਹਾਨਪੁਰ, ਜਤਿੰਦਰ ਕੌਰ ਲੋਹਟਬੱਦੀ, ਪਰਮਿੰਦਰ ਸਿੰਘ ਰਾਜਗੜ੍ਹ, ਨਾਮਪ੍ਰੀਤ ਸਿੰਘ, ਪਰਮਿੰਦਰ ਸਿੰਘ, ਹਰਭਜਨ ਕੌਰ ਆਦਿ ਹਾਜ਼ਰ ਸਨ।

ਬਲਾਕ ਰਾਏਕੋਟ ਪੱਧਰੀ ਖੇਡਾਂ ਦੌਰਾਨ ਰੀਬਨ ਕੱਟ ਕੇ ਖੇਡਾਂ ਦੀ ਸ਼ੁਰੂਆਤ ਕਰਵਾਉਂਦੇ ਹੋਏ ਵਿਧਾਇਕ ਠੇਕੇਦਾਰ ਹਾਕਮ ਸਿੰਘ। ਤਸਵੀਰ: ਬਲਵਿੰਦਰ ਸਿੰਘ ਲਿੱਤਰ

ਨਾਇਬ ਤਹਿਸੀਲਦਾਰ ਰੁਪਿੰਦਰ ਕੌਰ ਤੇ ਹੋਰ ਅਧਿਕਾਰੀ ਹਲਵਾਰਾ ਵਿਖੇ ਦਰਗਾਹ 'ਤੇ ਹਾਈਵੇਅ ਦਾ ਮੱਕਾ ਦੇਖਦੇ ਹੋਏ। ਤਸਵੀਰ: ਮਨਦੀਪ ਸਿੰਘ ਉੱਭੀ

ਨਾਇਬ ਤਹਿਸੀਲਦਾਰ ਤੇ ਹੋਰ ਅਧਿਕਾਰੀਆਂ ਵਲੋਂ ਹਲਵਾਰਾ ਵਿਖੇ ਦਰਗਾਹ ਦਾ ਦੌਰਾ

ਹਲਵਾਰਾ, 28 ਅਕਤੂਬਰ (ਮਨਦੀਪ ਸਿੰਘ ਉੱਭੀ)-ਹਲਵਾਰਾ ਵਿਖੇ ਸਥਿਤ ਬਾਬਾ ਮਾਣਕ ਸ਼ਾਹ ਦੀ ਦਰਗਾਹ ਨੂੰ ਢਾਹੁਣ ਦੇ ਹੁਕਮਾਂ ਤੋਂ ਬਾਅਦ ਮਾਲ ਵਿਭਾਗ ਅਤੇ ਐੱਨ.ਐੱਚ.ਏ.ਆਈ ਦੇ ਅਧਿਕਾਰੀਆਂ ਨੇ ਮੰਗਲਵਾਰ ਨੂੰ ਦਰਗਾਹ ਦਾ ਦੌਰਾ ਕਰਕੇ ਜਾਇਜ਼ਾ ਲਿਆ। ਨਾਇਬ ਤਹਿਸੀਲਦਾਰ ਰੁਪਿੰਦਰ ਕੌਰ ਦੀ ਅਗਵਾਈ ਵਾਲੀ ਟੀਮ ਨੇ ਦਰਗਾਹ ਦੇ ਮੁੱਖ ਸੇਵਾਦਾਰ ਬੂਟਾ ਸਿੰਘ, ਸਰਪੰਚ ਸੁਖਵਿੰਦਰ ਸਿੰਘ ਅਤੇ ਕਿਸਾਨ ਆਗੂ ਅਮਰੀਕ ਸਿੰਘ ਹਲਵਾਰਾ ਨਾਲ ਮੁਲਾਕਾਤ ਕੀਤੀ ਅਤੇ ਮਸਲੇ ਦਾ ਜਲਦੀ ਹੱਲ ਕਰਨ ਦਾ ਭਰੋਸਾ ਦਿੱਤਾ। ਰੁਪਿੰਦਰ ਕੌਰ ਨੇ ਦੱਸਿਆ ਕਿ ਇਕ ਹਫ਼ਤੇ ਅੰਦਰ ਐੱਸ.ਡੀ.ਐੱਮ ਰਾਏਕੋਟ ਉਪਿੰਦਰਜੀਤ ਕੌਰ ਬਰਾੜ ਦੀ ਦਰਗਾਹ ਸੰਘਰਸ਼ ਕਮੇਟੀ ਨਾਲ ਮੀਟਿੰਗ ਕਰਵਾਈ ਜਾਵੇਗੀ। ਮੀਟਿੰਗ ਵਿਚ ਸਮੱਸਿਆ ਦੇ ਹੱਲ ਬਾਰੇ ਵਿਚਾਰ ਕੀਤਾ ਜਾਵੇਗਾ। ਦੂਜੇ ਪਾਸੇ ਦਰਗਾਹ ਦੇ ਮੁੱਖ ਸੇਵਾਦਾਰ ਬੂਟਾ ਸਿੰਘ, ਸਰਪੰਚ ਸੁਖਵਿੰਦਰ ਸਿੰਘ ਅਤੇ ਕਿਸਾਨ ਆਗੂ ਅਮਰੀਕ ਸਿੰਘ ਹਲਵਾਰਾ ਨੇ ਐੱਨ.ਐੱਚ.ਏ.ਆਈ ਅਧਿਕਾਰੀਆਂ ਨੂੰ ਚਿਤਾਵਨੀ ਦਿੱਤੀ ਹੈ ਕਿ ਜੇਕਰ ਦਰਗਾਹ ਨੂੰ ਕੋਈ ਨੁਕਸਾਨ ਪਹੁੰਚਾਇਆ ਗਿਆ ਤਾਂ ਲੁਧਿਆਣਾ-ਬਠਿੰਡਾ ਮੁੱਖ ਮਾਰਗ 'ਤੇ ਆਵਾਜਾਈ ਠੱਪ ਕਰਕੇ ਰੋਸ ਪ੍ਰਦਰਸ਼ਨ ਸ਼ੁਰੂ ਕੀਤਾ ਜਾਵੇਗਾ। ਦਰਗਾਹ ਦੇ ਸ਼ਰਧਾਲੂਆਂ ਨੇ ਰਾਏਕੋਟ ਦੇ ਵਿਧਾਇਕ ਹਾਕਮ ਸਿੰਘ ਠੇਕੇਦਾਰ ਅਤੇ ਡੀ.ਸੀ. ਲੁਧਿਆਣਾ ਹਿਮਾਂਸ਼ੂ ਜੈਨ ਨੂੰ ਮੰਗ ਪੱਤਰ ਵੀ ਦਿੱਤਾ ਹੈ। ਇਸ ਮੌਕੇ ਕਾਨੂੰਨਗੋ ਗੁਰਬਖ਼ਸ਼ੀਸ਼ ਸਿੰਘ, ਪਟਵਾਰੀ ਮੋਹਿਤ, ਐੱਨ.ਐੱਚ.ਏ.ਆਈ ਦੇ ਸਾਈਟ ਇੰਜੀਨੀਅਰ ਅਮਿਤ, ਬਾਬਾ ਬੂਟਾ ਮੁੱਖ ਪ੍ਰਬੰਧਕ ਦਰਗਾਹ ਬਾਬਾ ਮਾਣਕ ਸਾਹ, ਸਰਪੰਚ ਸੁਖਵਿੰਦਰ ਸਿੰਘ ਹਲਵਾਰਾ, ਜਸਵਿੰਦਰ ਸਿੰਘ ਨੰਬਰਦਾਰ, ਜੀਰਸ਼ਮਿੰਦਰ ਸਿੰਘ ਧਾਲੀਵਾਲ, ਝਲਮਣ ਸਿੰਘ ਢਿੱਲੋਂ ਤੇ ਹੋਰ ਹਾਜ਼ਰ ਸਨ।

ਅਮਨਿੰਦਰਜੀਤ ਸਿੰਘ ਨੇ ਰਾਜ ਪੱਧਰੀ ਅਥਲੈਟਿਕਸ ਖੇਡਾਂ 'ਚ ਸੋਨ ਤਗਮਾ ਜਿੱਤਿਆ

ਡੀ.ਏ.ਵੀ. ਸਕੂਲ ਦਾ ਰਾਜ ਪੱਧਰੀ ਖੇਡਾਂ 'ਚ ਸੋਨ ਤਗਮਾ ਜੇਤੂ ਵਿਦਿਆਰਥੀ ਅਮਨਿੰਦਰਜੀਤ ਸਿੰਘ ਸਕੂਲ ਸਟਾਫ਼ ਨਾਲ। ਅਜੀਤ ਤਸਵੀਰ

ਜਗਰਾਉਂ, 28 ਅਕਤੂਬਰ (ਵਿਨੋਦ ਕੁਮਾਰ)-ਡੀ.ਏ.ਵੀ. ਸੈਂਟਨਰੀ ਪਬਲਿਕ ਸਕੂਲ ਦੇ ਪ੍ਰਿੰਸੀਪਲ ਡਾ: ਵੇਦ ਵਰਤ ਪਲਾਹ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਡੀ.ਏ.ਵੀ. ਰਾਜ ਪੱਧਰੀ ਅਥਲੈਟਿਕਸ ਟੂਰਨਾਮੈਂਟ ਜੋ ਕਿ ਪੁਲਿਸ ਡੀ.ਏ.ਵੀ. ਪਟਿਆਲਾ ਵਿਖੇ ਕਰਵਾਇਆ ਗਿਆ, ਇਸ ਟੂਰਨਾਮੈਂਟ 'ਚ ਸਕੂਲ ਦੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀ ਅਮਨਿੰਦਰਜੀਤ ਸਿੰਘ ਨੇ ਡਿਸਕਸ ਥਰੋਅ ਅਤੇ ਸ਼ਾਟਪੁੱਟ ਵਿਚ ਹਿੱਸਾ ਲਿਆ। ਉਸ ਵਲੋਂ ਆਪਣੀ ਖੇਡ ਦਾ ਵਧੀਆ ਪ੍ਰਦਰਸ਼ਨ ਕਰਦੇ ਹੋਏ ਦੋ ਸੋਨ ਤਗਮੇ ਹਾਸਲ ਕਰਕੇ ਸਕੂਲ ਅਤੇ ਮਾਪਿਆਂ ਦਾ ਮਾਣ ਵਧਾਇਆ। ਵਿਦਿਆਰਥੀ ਨੂੰ ਆਉਣ ਵਾਲੀਆਂ ਨੈਸ਼ਨਲ ਖੇਡਾਂ ਲਈ ਵੀ ਚੁਣਿਆ ਗਿਆ। ਇਸ ਖਿਡਾਰੀ ਦਾ ਸਕੂਲ ਪਹੁੰਚਣ 'ਤੇ ਪ੍ਰਿੰਸੀਪਲ ਵੇਦ ਵਰਤ ਪਲਾਹ ਵਲੋਂ ਨਿੱਘਾ ਸਵਾਗਤ ਕੀਤਾ ਗਿਆ ਅਤੇ ਜਿੱਤ ਹਾਸਲ ਕਰਨ 'ਤੇ ਮੁਬਾਰਕਬਾਦ ਦੇਣ ਦੇ ਨਾਲ-ਨਾਲ ਭਵਿੱਖ ਵਿਚ ਇਸੇ ਤਰ੍ਹਾਂ ਵਧੀਆ ਪ੍ਰਦਰਸ਼ਨ ਕਰਦੇ ਰਹਿਣ ਲਈ ਪ੍ਰੇਰਨਾ ਦਿੱਤੀ ਗਈ। ਇਸ ਸਮੇਂ ਡੀ.ਪੀ.ਈ ਹਰਦੀਪ ਸਿੰਘ ਬਿੰਜਲ, ਡੀ.ਪੀ.ਈ. ਸੁਰਿੰਦਰ ਪਾਲ ਵਿੱਜ, ਡੀ.ਪੀ.ਈ. ਸੁਰਿੰਦਰ ਕੌਰ ਰੂਰ, ਖੁਸ਼ਹਾਲ ਆਦਿ ਹਾਜ਼ਰ ਸਨ।

ਹੰਬੜਾਂ ਵਿਖੇ ਛਠ ਪੂਜਾ ਦੌਰਾਨ ਸਰਪੰਚ ਚਰਨ ਸਿੰਘ ਗੁਰੂ, ਪੰਚ ਗੁਰਚਰਨ ਸਿੰਘ ਬਾਠ, ਦਵਿੰਦਰ ਲਵਲੀ, ਪ੍ਰਧਾਨ ਜੋਗਿੰਦਰ ਯਾਦਵ, ਬੈਦਨਾਥ ਗੁਪਤਾ ਤੇ ਹੋਰ। ਤਸਵੀਰ: ਹਰਵਿੰਦਰ ਸਿੰਘ ਮੱਕੜ

ਦੁਰਗਾ ਪੂਜਾ ਅਤੇ ਛਠ ਪੂਜਾ ਸੇਵਾ ਸੁਸਾਇਟੀ ਵਲੋਂ ਧਾਰਮਿਕ ਸਮਾਗਮ

ਹੰਬੜਾਂ, 28 ਅਕਤੂਬਰ (ਹਰਵਿੰਦਰ ਸਿੰਘ ਮੱਕੜ)-ਮਾਂ ਦੁਰਗਾ ਪੂਜਾ ਅਤੇ ਛਠ ਪੂਜਾ ਸੇਵਾ ਸੁਸਾਇਟੀ (ਰਜਿ.) ਹੰਬੜਾਂ ਵਲੋਂ ਛਠ ਘਾਟ ਵਿਖੇ ਕਰਵਾਏ ਧਾਰਮਿਕ ਸਮਾਗਮ ਦੌਰਾਨ ਸੰਗਤ ਵਲੋਂ ਸ਼ਰਧਾ ਪੂਰਵਕ ਛਠ ਪੂਜਾ ਕੀਤੀ ਗਈ। ਇਸ ਦੌਰਾਨ ਪੂਜਾ ਅਸਥਾਨ 'ਤੇ ਹਾਜ਼ਰੀ ਭਰਦਿਆਂ ਸਰਪੰਚ ਚਰਨ ਸਿੰਘ ਗੁਰੂ, ਪੰਚ ਗੁਰਚਰਨ ਸਿੰਘ ਬਾਠ, ਪੰਚ ਹਰਜਿੰਦਰ ਸਿੰਘ, ਦਵਿੰਦਰ ਲਵਲੀ ਤੇ ਸਮੂਹ ਪੰਚਾਇਤ ਮੈਂਬਰਾਂ ਵਲੋਂ ਸੰਗਤ ਨੂੰ ਇਸ ਪਵਿੱਤਰ ਦਿਨ ਦੀ ਵਧਾਈ ਦਿੱਤੀ ਗਈ। ਉਕਤ ਸੁਸਾਇਟੀ ਦੇ ਅਹੁਦੇਦਾਰਾਂ ਵਲੋਂ ਸਮੂਹ ਗ੍ਰਾਮ ਪੰਚਾਇਤ ਤੇ ਹੋਰ ਪਤਵੰਤਿਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਸਮੇਂ ਸੁਸਾਇਟੀ ਪ੍ਰਧਾਨ ਜੋਗਿੰਦਰ ਯਾਦਵ, ਖ਼ਜ਼ਾਨਚੀ ਰਾਮ ਇਕਬਾਲ, ਜਨਰਲ ਸੈਕਟਰੀ ਮੁਕੇਸ਼ ਠਾਕੁਰ, ਇੰਚਾਰਜ ਬੈਦਨਾਥ ਗੁਪਤਾ, ਮੀਤ ਪ੍ਰਧਾਨ ਰਾਜੇਸ਼ ਪ੍ਰਸ਼ਾਦ, ਸਲਾਹਕਾਰ ਆਰ.ਬੀ. ਮਿਸ਼ਰਾ, ਅਰਜੁਨ ਗੁਪਤਾ, ਸੁਨੀਲ ਯਾਦਵ, ਪੰਕਜ ਸ਼ਰਮਾ, ਸ਼ਸ਼ੀ ਠਾਕੁਰ, ਮੁਨੀਸ਼ ਗੁਪਤਾ, ਸ਼ੰਭੂ ਯਾਦਵ, ਵਿਜੇ ਪ੍ਰਤਾਪ, ਅਜੇ ਗੁਪਤਾ, ਮਨੀਸ਼ ਯਾਦਵ, ਰਵੀ ਕੁਮਾਰ, ਲਵਲੀ ਮਿਸ਼ਰਾ ਤੇ ਵੱਡੀ ਗਿਣਤੀ 'ਚ ਮਹਿਲਾ ਵਰਗ ਸੰਗਤ ਦੇ ਰੂਪ ਵਿਚ ਹਾਜ਼ਰ ਸੀ।

ਨਵੋਦਿਆ ਲਈ ਚੁਣੀ ਗਈ ਵਿਦਿਆਰਥਣ ਦਾ ਸਨਮਾਨ

ਸਰਕਾਰੀ ਪ੍ਰਾਇਮਰੀ ਸਕੂਲ ਭੰਮੀਪੁਰਾ ਕਲਾਂ ਦੀ ਵਿਦਿਆਰਥਣ ਅਰਸ਼ਦੀਪ ਕੌਰ ਨੂੰ ਸਨਮਾਨਿਤ ਕਰਨ ਸਮੇਂ ਸਟਾਫ਼। ਅਜੀਤ ਤਸਵੀਰ